ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਅੰਮ੍ਰਿਤਸਰ ਤੋਂ ਭੰਡੇਲ ਅਤੇ ਅਮੇਠੀ ਲਈ ਦੋ ਰੇਲ ਗੱਡੀਆਂ ਰਵਾਨਾ

ਗੁਰਜੀਤ ਸਿੰਘ ਔਜਲਾ ਨੇ ਸਟੇਸ਼ਨ ਉਤੇ ਪਹੁੰਚ ਕੇ ਪ੍ਰਵਾਸੀਆਂ ਨੂੰ ਵੰਡੇ ਮਾਸਕ

ਅੰਮ੍ਰਿਤਸਰ, 15 ਮਈ ( )-ਕੈਪਟਨ ਅਮਰਿੰਦਰ ਸਿੰਘ ਵੱਲੋਂ ਕੋਵਿਡ ਸੰਕਟ ਦੇ ਚੱਲਦੇ ਪੰਜਾਬ ਵਿਚ ਫਸੇ ਪ੍ਰਵਾਸੀਆਂ ਨੂੰ ਉਨਾਂ ਦੇ ਘਰ ਭੇਜਣ ਲਈ ਚੁੱਕੇ ਗਏ ਵਿਸ਼ੇਸ਼ ਕਦਮਾਂ ਤਹਿਤ ਅੱਜ ਅੰਮ੍ਰਿਤਸਰ ਤੋਂ ਦੋ ਵਿਸ਼ੇਸ਼ ਰੇਲ ਗੱਡੀਆਂ ਭੰਡੇਲ (ਪੱਛਮੀ ਬੰਗਾਲ) ਅਤੇ ਅਮੇਠੀ ਲਈ ਰਾਵਾਨਾ ਹੋਈਆਂ, ਜਿੰਨਾ ਵਿਚ ਕ੍ਰਮਵਾਰ 980 ਅਤੇ 1200 ਮੁਸਾਫਿਰ ਸਵਾਰ ਸਨ। ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਨੇ ਰੇਲਵੇ ਸਟੇਸ਼ਨ ਪਹੁੰਚ ਕੇ ਪ੍ਰਵਾਸੀਆਂ ਨੂੰ ਸੁਰੱਖਿਅਤ ਰੇਲ ਯਾਤਰਾ ਲਈ ਸ਼ੁਭ ਕਾਮਨਾਵਾਂ ਦਿੰਦੇ ਸਰਬਤ ਦਾ ਭਲਾ ਟਰੱਸਟ ਵੱਲੋਂ ਦਿੱਤੇ ਮਾਸਕ ਵੀ ਵੰਡੇ। ਉਨਾਂ ਕਿਹਾ ਕਿ ਯਾਤਰਾ ਦੌਰਾਨ ਜੇਕਰ ਕਿਸੇ ਇਕ ਨੂੰ ਵਾਇਰਸ ਦੀ ਸਮੱਸਿਆ ਹੋਈ ਤਾਂ ਉਹ ਅੱਗੇ ਆਪਣੇ ਸਾਥੀ ਮੁਸਾਫਿਰਾਂ ਨੂੰ ਵੰਡ ਸਕਦਾ ਹੈ, ਇਸ ਲਈ ਜ਼ਰੂਰੀ ਹੈ ਕਿ ਹਰ ਆਦਮੀ ਮਾਸਕ ਬੰਨ ਕੇ ਰੱਖੇ ਅਤੇ ਸੁਰੱਖਿਅਤ ਘਰ ਪਹੁੰਚੇ। ਇਸ ਮੌਕੇ ਉਨਾਂ ਨਾਲ ਟਰੱਸਟ ਦੇ ਮਾਝਾ ਜੋਨ ਦੇ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਸਲਾਹਕਾਰ ਸ੍ਰੀ ਸੁਖਦੀਪ ਸਿੱਧੂ, ਐਸ ਡੀ ਐਮ ਸ੍ਰੀ ਵਿਕਾਸ ਹੀਰਾ, ਸਟੇਸ਼ਨ ਮਾਸਟਰ ਉਲੰਪੀਅਨ ਬਲਵਿੰਦਰ ਸ਼ੰਮੀ, ਤਹਿਸੀਲਦਾਰ ਬੀਰਕਰਨ ਸਿੰਘ ਢਿੱਲੋਂ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਪਹਿਲਾਂ ਦੀ ਤਰਾਂ ਜਿਲਾ ਪ੍ਰਸ਼ਾਸ਼ਨ ਵੱਲੋਂ ਸਾਰੇ ਪ੍ਰਵਾਸੀਆਂ ਦਾ ਡਾਕਟਰੀ ਮੁਆਇਨਾ ਕਰਵਾ ਕੇ ਉਨਾਂ ਨੂੰ ਬੱਸਾਂ ਉਤੇ ਰੇਲਵੇ ਸਟੇਸ਼ਨ ਲਿਆਂਦਾ ਗਿਆ, ਜਿੱਥੇ ਖਾਣ-ਪੀਣ ਦਾ ਸਮਾਨ ਦੇ ਕੇ ਉਨਾਂ ਨੂੰ ਆਪਣੇ ਘਰਾਂ ਲਈ ਰੇਲ ਗੱਡੀ ਰਸਤੇ ਰਵਾਨਾ ਕੀਤਾ ਗਿਆ। ਸ੍ਰੀ ਹੀਰਾ ਨੇ ਦੱਸਿਆ ਕਿ ਇਸ ਮੌਕੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਸਾਰੀਆਂ ਹਦਾਇਤਾਂ ਦਾ ਧਿਆਨ ਰੱਖਿਆ ਗਿਆ, ਤਾਂ ਜੋ ਵਾਇਰਸ ਨਾ ਫੈਲੇ। ਉਨਾਂ ਕਿਹਾ ਕਿ ਅੱਗੇ ਤੋਂ ਵੀ ਇਹ ਗੱਡੀਆਂ ਇਸੇ ਤਰਾਂ ਜਾਰੀ ਰਹਿਣਗੀਆਂ ਅਤੇ ਜਿੰਨਾ ਲੋਕਾਂ ਨੂੰ ਮੋਬਾਈਲ ਉਤੇ ਸੰਦੇਸ਼ ਪਹੁੰਚਦਾ ਹੈ ਉਹ ਉਸਦੀ ਪਾਲਣਾ ਕਰਦੇ ਹੋਏ ਮੈਡੀਕਲ ਕਰਵਾਉਣ ਲਈ ਪੁੱਜਣ, ਜਿਥੋਂ ਉਨਾਂ ਨੂੰ ਰੇਲਵੇ ਸਟੇਸ਼ਨ ਬੱਸਾਂ ਰਾਹੀਂ ਭੇਜਿਆ ਜਾਂਦਾ ਹੈ।

ਕੈਪਸ਼ਨ

-ਰੇਲਵੇ ਸਟੇਸ਼ਨ ਉਤੇ ਪ੍ਰਵਾਸੀਆਂ ਨੂੰ ਮਾਸਕ ਵੰਡਦੇ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਤੇ ਹੋਰ।

============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਸ੍ਰੀ ਹਜ਼ੂਰ ਸਾਹਿਬ ਤੋਂ 95 ਯਾਤਰੀ ਅੱਜ ਕੋਰੋਨਾ ਤੋਂ ਮੁਕਤ ਹੋ ਘਰਾਂ ਨੂੰ ਪਰਤੇ-ਸੋਨੀ

ਸ੍ਰੀ ਗੁਰੂ ਨਾਨਕ ਦੇਵ ਤੇ ਸ੍ਰੀ ਗੁਰੂ ਰਾਮਦਾਸ ਹਸਪਤਾਲ ਵਿਚ ਕੀਤਾ ਗਿਆ ਇਲਾਜ

ਜਲਦੀ ਹੀ ਸਾਰੇ ਯਾਤਰੀਆਂ ਨੂੰ ਹਸਪਤਾਲਾਂ ਤੋਂ ਛੁੱਟੀ ਮਿਲਣ ਦੀ ਆਸ

ਅੰਮ੍ਰਿਤਸਰ, 15 ਮਈ ( )-ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਉਹ ਸ਼ਰਧਾਲੂ ਜੋ ਕਿ ਕੋਰੋਨਾ ਟੈਸਟ ਵਿਚ ਪਾਜ਼ੀਟਵ ਆਉਣ ਕਾਰਨ ਵੱਖ-ਵੱਖ ਹਸਪਤਾਲਾਂ ਵਿਚ ਦਾਖਲ ਸਨ, ਵਿਚੋਂ ਅੱਧੇ ਤੋਂ ਵੱਧ ਗਿਣਤੀ ਵਿਚ ਸ਼ਰਧਾਲੂ ਠੀਕ ਹੋ ਕੇ ਘਰਾਂ ਨੂੰ ਜਾ ਚੁੱਕੇ ਹਨ ਅਤੇ ਰਹਿੰਦੇ ਸ਼ਰਧਾਲੂ ਵੀ ਛੇਤੀ ਠੀਕ ਹੋ ਕੇ ਘਰਾਂ ਨੂੰ ਪਰਤ ਜਾਣਗੇ। ਉਕਤ ਪ੍ਰਗਟਾਵਾ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਪ੍ਰੈਸ ਵਾਰਤਾ ਵਿਚ ਕਰਦੇ ਦੱਸਿਆ ਕਿ ਅੰਮ੍ਰਿਤਸਰ ਜਿਲ•ੇ ਵਿਚ 260 ਯਾਤਰੀਆਂ ਦੇ ਟੈਸਟ ਪਾਜ਼ੀਟਵ ਆਏ ਸਨ, ਜਿੰਨਾ ਵਿਚੋਂ 45 ਪਿਛਲੇ ਦਿਨਾਂ ਵਿਚ ਅਤੇ 95 ਸ਼ਰਧਾਲੂ ਅੱਜ ਆਪਣੇ ਘਰਾਂ ਨੂੰ ਗਏ ਹਨ। ਸ੍ਰੀ ਸੋਨੀ ਨੇ ਦੱਸਿਆ ਕਿ ਅੱਜ 44 ਯਾਤਰੀ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਤੋਂ ਅਤੇ 51 ਯਾਤਰੀ ਸ੍ਰੀ ਗੁਰੂ ਰਾਮ ਦਾਸ ਹਸਪਤਾਲ ਤੋਂ ਠੀਕ ਹੋ ਕੇ ਘਰਾਂ ਨੂੰ ਪਰਤੇ ਹਨ। ਇਸ ਤਰਾਂ ਹੁਣ ਤੱਕ 140 ਯਾਤਰੀ ਠੀਕ ਹੋ ਕੇ ਆਪਣੇ ਘਰਾਂ ਨੂੰ ਪਰਤ ਚੁੱਕੇ ਹਨ ਅਤੇ 120 ਯਾਤਰੀ ਵੀ ਛੇਤੀ ਠੀਕ ਹੋ ਕੇ ਘਰਾਂ ਨੂੰ ਪਰਤ ਜਾਣਗੇ। ਉਨਾਂ ਦੱਸਿਆ ਕਿ ਇਹ ਕੇਵਲ ਘਰ ਜਾ ਰਹੇ ਯਾਤਰੀਆਂ, ਸਰਕਾਰ, ਹਸਪਤਾਲ ਸਟਾਫ ਜਾਂ ਪ੍ਰਸ਼ਾਸ਼ਨ ਲਈ ਹੀ ਚੰਗੀ ਖਬਰ ਨਹੀਂ ਹੈ, ਬਲਕਿ ਸਮੁੱਚੇ ਭਾਰਤੀਆਂ ਨੂੰ ਮਾਨਸਿਕ ਤੌਰ ਉਤੇ ਮਜ਼ਬੂਤ ਕਰਨ ਵਾਲੀ ਖਬਰ ਹੈ, ਕਿਉਂਕਿ ਬਹੁਤੇ ਲੋਕ ਯਾਤਰੀਆਂ ਦੇ ਟੈਸਟ ਪਾਜ਼ਿਟਵ ਆਉਣ ਕਾਰਨ ਸਥਿਤੀ ਆਪੇ ਤੋਂ ਬਾਹਰ ਹੁੰਦੀ ਮਹਿਸੂਸ ਕਰ ਰਹੇ ਸਨ, ਪਰ ਸਰਕਾਰ ਦੁਆਰਾ ਚੁੱਕੇ ਸੁਹਿਰਦ ਕਦਮਾਂ ਸਦਕਾ ਕੇਵਲ ਯਾਤਰੀਆਂ ਦਾ ਇਲਾਜ ਹੀ ਨਹੀਂ ਹੋਇਆ, ਬਲਕਿ ਅੱਗੇ ਵਾਇਰਸ ਨੂੰ ਫੈਲਣ ਲਈ ਮੌਕਾ ਵੀ ਨਹੀਂ ਮਿਲਣ ਦਿੱਤਾ ਗਿਆ।

ਸ੍ਰੀ ਸੋਨੀ ਨੇ ਦੱਸਿਆ ਕਿ ਅੱਜ ਠੀਕ ਹੋਏ ਮਰੀਜ਼ਾਂ ਵਿਚੋਂ 44 ਯਾਤਰੀਆਂ ਦਾ ਇਲਾਜ ਸ੍ਰੀ ਗੁਰੂ ਨਾਨਕ ਦੇਵ ਹਸਪਤਾਲ ਤੇ ਮੈਡੀਕਲ ਕਾਲਜ ਵਿਚ ਕੀਤਾ ਗਿਆ, ਜਦਕਿ 51 ਯਾਤਰੀਆਂ ਦਾ ਇਲਾਜ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮਟੇ ਵੱਲੋਂ ਚਲਾਏ ਜਾ ਰਹੇ ਸ੍ਰੀ ਗੁਰੂ ਰਾਮ ਦਾਸ ਹਸਪਤਾਲ ਵਿਚ ਕੀਤਾ ਗਿਆ। ਉਨਾਂ ਸ੍ਰੋਮਣੀ ਕਮੇਟੀ ਵੱਲੋਂ ਦਿੱਤੇ ਸਹਿਯੋਗ ਲਈ ਧੰਨਵਾਦ ਕਰਦੇ ਕਿਹਾ ਕਿ ਅੱਜ ਸ਼ਾਮ ਤੱਕ ਕੁੱਝ ਹੋਰ ਸ਼ਰਧਾਲੂਆਂ ਨੂੰ ਠੀਕ ਹੋਣ ਮਗਰੋਂ ਛੁੱਟੀ ਦਿੱਤੀ ਜਾ ਸਕਦੀ ਹੈ।

ਦੱਸਣਯੋਗ ਹੈ ਕਿ 13 ਮਈ ਨੂੰ ਅੰਮ੍ਰਿਤਸਰ ਦੇ ਗੁਰੂ ਨਾਨਕ ਹਸਪਤਾਲ ਵਿਚੋਂ 25 ਸ਼ਰਧਾਲੂਆਂ ਨੂੰ ਅਤੇ 14 ਮਈ ਨੂੰ 19 ਯਾਤਰੀਆਂ ਨੂੰ ਠੀਕ ਹੋਣ ਮਗਰੋਂ ਹਸਪਤਾਲ ਤੋਂ ਛੁੱਟੀ ਦੇ ਕੇ ਘਰ ਭੇਜਿਆ ਗਿਆ ਸੀ। ਹਸਪਤਾਲਾਂ ਤੋਂ ਲਗਾਤਾਰ ਚੰਗੀਆਂ ਖਬਰਾਂ ਮਿਲਣ ਕਾਰਨ ਕੇਵਲ ਦਾਖਲ ਮਰੀਜ਼ਾਂ ਦੇ ਹੌਸਲੇ ਬੁਲੰਦ ਨਹੀਂ ਹੋਏ, ਬਲਕਿ ਸਮੁੱਚੇ ਪੰਜਾਬੀਆਂ ਨੂੰ ਮਾਨਸਿਕ ਤੌਰ ਉਤੇ ਤਾਕਤ ਮਿਲੀ ਹੈ। ਸ੍ਰੀ ਸੋਨੀ ਨੇ ਦੱਸਿਆ ਕਿ ਭਾਵੇਂ ਸ੍ਰੀ ਹਜ਼ੂਰ ਸਾਹਿਬ ਤੋਂ ਆਈ ਸੰਗਤ ਦੇ ਟੈਸਟ ਪਾਜ਼ਿਟਵ ਆਉਣ ਕਾਰਨ ਇੰਨਾਂ ਨੂੰ ਹਸਪਪਤਾਲ ਵਿਚ ਰੱਖਿਆ ਗਿਆ ਸੀ, ਪਰ ਸਾਰੇ ਸ਼ਰਧਾਲੂ ਬੜੇ ਚੜ•ਦੀ ਕਲਾ ਵਿਚ ਰਹੇ ਅਤੇ ਕਿਸੇ ਨੂੰ ਸਰੀਰਕ ਤੌਰ ਉਤੇ ਵੀ ਕੋਈ ਮੁਸ਼ਿਕਲ ਨਹੀਂ ਹੋਈ। ਵਾਹਿਗੁਰੂ ਦੀ ਕ੍ਰਿਪਾ

ਨਾਲ  ਇਹ ਲਗਾਤਾਰ ਠੀਕ ਹੋ ਕੇ ਹਸਪਤਾਲਾਂ ਤੋਂ ਘਰਾਂ ਨੂੰ ਜਾ ਰਹੇ ਹਨ।

ਸ੍ਰੀ ਸੋਨੀ ਨੇ ਦੱਸਿਆ ਕਿ ਪੰਜਾਬ ਦੇ ਤਿੰਨ ਮੈਡੀਕਲ ਕਾਲਜਾਂ ਵਿਚ ਹੁਣ ਤੱਕ 35000 ਦੇ ਕਰੀਬ ਟੈਸਟ ਕੀਤੇ ਜਾ ਚੁੱਕੇ ਹਨ ਅਤੇ ਅੰਮ੍ਰਿਤਸਰ ਵਿਚ ਪਿਛਲੇ ਚਾਰ ਦਿਨਾਂ ਵਿਚ ਹੀ 600 ਤੋਂ ਵੱਧ ਟੈਸਟ ਕੀਤੇ ਗਏ ਹਨ, ਜਿੰਨਾ ਵਿਚੋਂ ਚੰਗੀ ਗੱਲ ਇਹ ਰਹੀ ਹੈ ਕਿ ਕੋਈ ਵੀ ਪਾਜ਼ਿਟਵ ਕੇਸ ਨਹੀਂ ਆਇਆ। ਉਨਾਂ ਕਿਹਾ ਕਿ ਜੇਕਰ ਇਸੇ ਤਰਾਂ ਕੁੱਝ ਦਿਨ ਹੋਰ ਚਲਦਾ ਰਿਹਾ ਤਾਂ ਸਰਕਾਰ ਹੋਰ ਰਾਹਤ ਦੇਣ ਲਈ ਵੀ ਵਿਚਾਰ ਕਰੇਗੀ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਵੀ ਘਰ ਜਾ ਰਹੇ ਸਾਰੇ ਸ਼ਰਧਾਲੂ ਨੂੰ ਵਧਾਈ ਦਿੰਦੇ ਕਿਹਾ ਕਿ ਅਸੀਂ ਇੰਨਾਂ ਦੇ ਟੈਸਟ ਪਾਜ਼ਿਟਵ ਆਉਣ ਮਗਰੋਂ ਸ਼ਰਧਾਲੂਆਂ ਨੂੰ ਇਕਾਂਤਵਾਸ ਵਿਚੋਂ ਕੱਢ ਕੇ ਗੁਰੂ ਨਾਨਕ ਦੇਵ ਹਸਪਤਾਲ ਅਤੇ ਗੁਰੂ ਰਾਮ ਦਾਸ ਹਸਪਤਾਲ ਵਿਚ ਦਾਖਲ ਕਰਵਾਇਆ ਸੀ। ਉਨਾਂ ਦੱਸਿਆ ਕਿ ਇਹ ਸਾਰੇ ਪਹਿਲੇ ਦਿਨ ਤੋਂ ਹੀ ਸਰੀਰਕ ਤੇ ਮਾਨਸਿਕ ਤੌਰ ਉਤੇ ਬੜੇ ਕਾਇਮ ਸਨ, ਸ਼ਾਇਦ ਇਸੇ ਕਾਰਨ ਹੀ ਇਹ ਜਲਦੀ ਤੰਦਰੁਸਤ ਹੋ ਰਹੇ ਹਨ। ਉਨਾਂ ਹਸਪਤਾਲਾਂ ਦੇ ਸਟਾਫ ਵੱਲੋਂ ਦਿੱਤੀਆਂ ਸੇਵਾਵਾਂ ਲਈ ਸਾਰਿਆਂ ਦਾ ਧੰਨਵਾਦ ਕੀਤਾ।

ਕੈਪਸ਼ਨ

ਅੰਮ੍ਰਿਤਸਰ ਵਿਚੋਂ 95 ਵਿਅਕਤੀਆਂ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਉਤੇ ਸੰਬੋਧਨ ਕਰਦੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ

-ਜ਼ਿਲਾ ਮੈਜਿਸਟਰੇਟ ਨੇ ਦੁਕਾਨਾਂ/ਕਾਰੋਬਾਰ ਸੰਸਥਾਵਾਂ ਨੂੰ ਖੋਲਣ ਦਾ ਸਮਾਂ ਕੀਤਾ ਤਬਦੀਲ

-ਹੁਣ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਖੁੱਲਣਗੀਆਂ ਦੁਕਾਨਾਂ

ਅੰਮ੍ਰਿਤਸਰ, 15 ਮਈ ( )- ਕੋਵਿਡ-19 ਦੇ ਮੱਦੇਨਜ਼ਰ ਜ਼ਿਲੇ ਅੰਦਰ ਲਗਾਇਆ ਗਿਆ ਕਰਫਿਊ ਲਗਾਤਾਰ ਜਾਰੀ ਹੈ, ਪਰ ਕਰਫਿਊ ਵਿਚ ਢਿੱਲ ਕਰਦਿਆਂ ਜ਼ਿਲਾ ਮੈਜਿਸਟਰੇਟ ਵੱਲੋਂ ਕੁੱਝ ਦੁਕਾਨਾਂ/ਕਾਰੋਬਾਰੀ ਸੰਸਥਾਵਾਂ ਨੂੰ ਤਰਤੀਬਵਾਰ ਨਿਰਧਾਰਤ ਸਮੇਂ ਅਨੁਸਾਰ ਖੋਲਣ ਦੀ ਅਗਿਆ ਦਿੱਤੀ ਗਈ ਸੀ।

ਜ਼ਿਲਾ ਮੈਜਿਸਟਰੇਟ ਨੇ ਹੁਕਮ ਜਾਰੀ ਕਰਦਿਆਂ ਹੁਣ ਇਨਾਂ ਦੁਕਾਨਾਂ/ਕਾਰੋਬਾਰੀ ਸੰਸਥਾਵਾਂ ਦਾ ਸਮਾਂ ਜੋ ਕਿ ਪਹਿਲਾਂ ਸਵੇਰੇ 7 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਰੱਖਿਆ ਗਿਆ ਸੀ ਨੂੰ ਬਦਲਦਿਆਂ ਇਹ ਸਮਾਂ ਹੁਣ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਕਰ ਦਿੱਤਾ ਗਿਆ ਹੈ। ਜ਼ਿਲਾ ਮੈਂ ਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿਘ ਢਿਲੋਂ ਨੇ ਦੱਸਿਆ ਕਿ ਕਰਫਿਊ ਦੌਰਾਨ ਕੁਝ ਦੁਕਾਨਾਂ ਨੂੰ ਸੂਚੀਬੱਧ ਸਮੇਂ ਮੁਤਾਬਕ ਖੋਲਣ ਦੀ ਢਿੱਲ ਦਿੱਤੀ ਹੋਈ ਹੈ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਨਾਂ ਦੁਕਾਨਾਂ/ਕਾਰੋਬਾਰੀ ਸੰਸਥਾਵਾਂ ਨੂੰ ਖੋਲਣ ਦਾ ਸਮਾਂ ਤਬਦੀਲ ਕੀਤਾ ਗਿਆ ਹੈ।

ਉਨਾਂ ਹੁਕਮ ਕੀਤਾ ਕਿ ਜੋ ਕਾਰੋਬਾਰੀ ਘਰਾਂ ਵਿਚ ਸਮਾਨ ਪੁਹੰਚਾਉਦੇ ਹਨ ਅਤੇ ਈ-ਕਮਰਸ ਕੰਪਨੀਆਂ ਦਾ ਸਮਾਂ ਸ਼ਾਮ 8 ਵਜੇ ਤੱਕ ਦਾ ਰਹੇਗਾ। ਸਕੂਲ ਵੀ ਕਿਤਾਬਾਂ ਤੇ ਹੋਰ ਸਮਗਰੀ ਦੀ ਵੰਡ ਕਰ ਸਕਦੇ ਹਨ, ਪਰ ਇਸ ਲਈ ਇਹ ਯਕੀਨੀ ਬਣਾਇਆ ਜਾਵੇ ਕਿ ਇਕ ਮੌਕੇ 10 ਤੋਂ ਵੱਧ ਵਿਅਕਤੀ ਕਮਰੇ ਵਿਚ ਇਕੱਠੇ ਨਾ ਹੋਣ। ਉਨਾਂ ਸਪੱਸ਼ਟ ਕੀਤਾ ਕਿ ਸਪਾ, ਸਲੂਨ, ਪਾਰਲਟਰ, ਜਿੰਮ, ਸਿਨੇਮਾ, ਮਾਲ, ਬੈਕੁਇਟ ਹਾਲ ਆਦਿ ਪਹਿਲਾਂ ਦੀ ਤਰਾਂ ਫਿਲਹਾਲ ਬੰਦ ਹੀ ਰਹਿਣਗੇ।

ਜ਼ਿਲਾ ਮੈਜਿਸਟਰੇਟ ਨੇ ਕਿਹਾ ਕਿ ਇਸ ਦੌਰਾਨ ਸਿਰਫ਼ ਜ਼ਰੂਰਤ ਪੈਣ ਤੇ ਹੀ ਘਰੋਂ ਬਾਹਰ ਨਿੱਕਲਿਆ ਜਾਵੇ। ਉਨਾਂ ਕਿਹਾ ਕਿ ਬਾਹਰ ਆਉਣ ਜਾਣ ਵੇਲੇ ਮਾਸਕ ਅਤੇ ਸਮਾਜਿਕ ਦੂਰੀ ਦਾ ਖਾਸ ਖਿਆਲ ਰੱਖਿਆ ਜਾਵੇ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਸਰਬੱਤ ਦਾ ਭਲਾ ਟਰੱਸਟ ਨੇ ਪ੍ਰਵਾਸੀ ਮਜ਼ਦੂਰਾਂ ਲਈ ਅੰਮ੍ਰਿਤਸਰ ਪ੍ਰਸ਼ਾਸ਼ਨ ਨੂੰ ਦਿੱਤੇ 10 ਹਜ਼ਾਰ ਮਾਸਕ

ਮਨੁੱਖਤਾ ਦੀ ਸੇਵਾ ਦੇ ਮਾਮਲੇ 'ਚ ਡਾ.ਓਬਰਾਏ ਦਾ ਨਹੀਂ ਦਿੱਤਾ ਜਾ ਸਕਦਾ ਦੇਣ : ਔਜਲਾ

ਅੰਮ੍ਰਿਤਸਰ ,15 ਮਈ ( )- ਨਾਮਵਰ ਸਿੱਖ ਕਾਰੋਬਾਰੀ ਅਤੇ ਉੱਘੇ ਸਮਾਜ ਸੇਵਕ ਡਾ.ਐੱਸ.ਪੀ.ਸਿੰਘ ਓਬਰਾਏ ਦੀ ਸਰਪ੍ਰਸਤੀ ਹੇਠ ਚੱਲ ਰਹੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਇਸ ਬਿਪਤਾ ਭਰੀ ਘੜੀ 'ਚ ਪੰਜਾਬ ਵਿਚੋਂ ਦੂਜੇ ਰਾਜਾਂ ਨੂੰ ਭੇਜੇ ਜਾਣ ਵਾਲੇ ਪ੍ਰਵਾਸੀ ਮਜ਼ਦੂਰਾਂ ਨੂੰ ਕਰੋਨਾ ਦੀ ਲਾਗ ਤੋਂ ਬਚਾਉਣ ਲਈ ਅੰਮ੍ਰਿਤਸਰ ਦੇ ਸਿਵਲ ਤੇ ਰੇਲਵੇ ਪ੍ਰਸ਼ਾਸਨ ਨੂੰ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੀ ਮੌਜੂਦਗੀ 'ਚ 10 ਹਜ਼ਾਰ ਤੀਹਰੀ ਪਰਤ ਵਾਲੇ ਸਰਜੀਕਲ ਮਾਸਕ ਦਿੱਤੇ ਗਏ।

ਇਸ ਦੌਰਾਨ ਬੋਲਦਿਆਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਅੱਜ ਅੰਮ੍ਰਿਤਸਰ ਦੇ ਸਿਵਲ ਤੇ ਰੇਲਵੇ ਪ੍ਰਸ਼ਾਸਨ ਨੂੰ ਘਰਾਂ ਨੂੰ ਪਰਤ ਰਹੇ ਪ੍ਰਵਾਸੀ ਮਜ਼ਦੂਰਾਂ ਲਈ ਵੱਡੀ ਗਿਣਤੀ 'ਚ ਮਾਸਕ ਦੇਣ ਤੇ ਡਾ.ਓਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੂਰੀ ਦੁਨੀਆਂ ਅੰਦਰ ਜਿੱਥੇ ਵੀ ਕਿਤੇ ਮਨੁੱਖਤਾ ਤੇ ਬਿਪਤਾ ਪੈਂਦੀ ਹੈ ਤਾਂ ਡਾ.ਐੱਸ.ਪੀ.ਸਿੰਘ ਓਬਰਾਏ ਹਮੇਸ਼ਾਂ ਸਭ ਤੋਂ ਪਹਿਲਾਂ ਪਹੁੰਚ ਕੇ ਲੋੜਵੰਦਾਂ ਦੀ ਵੱਡੀ ਮਦਦ ਕਰਦੇ ਹਨ। ਇਸ ਲਈ ਮਨੁੱਖਤਾ ਦੀ ਸੇਵਾ ਦੇ ਮਾਮਲੇ 'ਚ ਡਾ.ਓਬਰਾਏ ਦਾ ਕਦੇ ਵੀ ਦੇਣ ਨਹੀਂ ਦਿੱਤਾ ਜਾ ਸਕਦਾ।

ਇਸੇ ਦੌਰਾਨ ਟਰੱਸਟ ਦੇ ਮਾਝਾ ਜੋਨ ਦੇ ਸਲਾਹਕਾਰ ਸੁਖਦੀਪ ਸਿੱਧੂ, ਜ਼ਿਲਾ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜਨਰਲ ਸਕੱਤਰ ਮਨਪ੍ਰੀਤ ਸੰਧੂ, ਖ਼ਜ਼ਾਨਚੀ ਨਵਜੀਤ ਘਈ ਨੇ ਦੱਸਿਆ ਕਿ ਸਰਬੱਤ ਦਾ ਭਲਾ ਟਰੱਸਟ ਨੇ ਪੰਜਾਬ ਵਿਚੋਂ ਦੂਜੇ ਰਾਜਾਂ ਨੂੰ ਜਾਣ ਵਾਲੇ ਪ੍ਰਵਾਸੀ ਮਜ਼ਦੂਰ ਨੂੰ ਕਰੋਨਾ ਦੀ ਲਾਗ ਤੋਂ ਬਚਾਉਣ ਲਈ ਪ੍ਰਸ਼ਾਸਨ ਨੂੰ 50 ਹਜ਼ਾਰ ਤੀਹਰੀ ਪਰਤ ਵਾਲੇ ਧੋਣ ਯੋਗ ਸਰਜੀਕਲ ਮਾਸਕ ਦੇਣ ਦਾ ਫ਼ੈਸਲਾ ਲਿਆ ਹੈ। ਜਿਸ ਤਹਿਤ ਅੰਮ੍ਰਿਤਸਰ ਪ੍ਰਸ਼ਾਸ਼ਨ ਨੂੰ ਪ੍ਰਵਾਸੀ ਮਜ਼ਦੂਰਾਂ ਲਈ 10 ਹਜ਼ਾਰ ਸਰਜੀਕਲ ਮਾਸਕ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੀ ਮੌਜੂਦਗੀ 'ਚ ਐਸ.ਡੀ.ਐਮ. ਵਿਕਾਸ ਹੀਰਾ,ਸਟੇਸ਼ਨ ਮਾਸਟਰ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਅਤੇ ਤਹਿਸੀਲਦਾਰ ਬੀਰਕਰਨ ਸਿੰਘ ਢਿੱਲੋਂ ਨੂੰ ਸੌਂਪ ਦਿੱਤੇ ਗਏ ਹਨ। ਜੋ ਪ੍ਰਸ਼ਾਸ਼ਨ ਵੱਲੋਂ ਰੇਲਵੇ ਸਟੇਸ਼ਨਾਂ ਤੇ ਸਪੈਸ਼ਲ ਰੇਲ ਗੱਡੀਆਂ ਰਾਹੀਂ ਆਪਣੇ ਘਰਾਂ ਨੂੰ ਪਰਤਣ ਵਾਲੇ ਪ੍ਰਵਾਸੀ ਮਜ਼ਦੂਰਾਂ ਨੂੰ ਵੰਡੇ ਜਾਣਗੇ।

ਉਨਾਂ ਦੱਸਿਆ ਕਿ ਡਾ.ਓਬਰਾਏ ਵੱਲੋਂ ਇਹ ਐਲਾਨ ਵੀ ਕੀਤਾ ਹੈ ਕਿ ਟਰੱਸਟ ਵੱਲੋਂ ਕੀਤੇ ਜਾ ਰਹੇ ਸਾਰੇ ਸੇਵਾ ਕਾਰਜ ਉਨਾਂ ਚਿਰ ਤੱਕ ਨਿਰੰਤਰ ਜਾਰੀ ਰਹਿਣਗੇ ਜਦੋਂ ਤੱਕ ਮਾਹੌਲ ਸੁਖਾਵਾਂ ਨਹੀਂ ਹੋ ਜਾਂਦਾ।

ਕੈਪਸ਼ਨ : ਸਰਬੱਤ ਦਾ ਭਲਾ ਟਰੱਸਟ ਵੱਲੋਂ ਅੰਮ੍ਰਿਤਸਰ ਤੇ ਰੇਲਵੇ ਪ੍ਰਸ਼ਾਸਨ ਨੂੰ ਮਾਸਕ ਦੇਣ ਮੌਕੇ ਐੱਮ.ਪੀ.ਗੁਰਜੀਤ ਸਿੰਘ ਔਜਲਾ,ਸੁਖਜਿੰਦਰ ਸਿੰਘ ਹੇਰ,ਸੁਖਦੀਪ ਸਿੱਧੂ,ਵਿਕਾਸ ਹੀਰਾ,ਮਨਪ੍ਰੀਤ ਸੰਧੂ,ਨਵਜੀਤ ਘਈ ਤੇ ਹੋਰ।

=======

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕੈਬਨਿਟ ਮੰਤਰੀ ਸੋਨੀ ਨੇ ਵਾਲਮੀਕਿ ਸੁਧਾਰ ਸਭਾ ਨੂੰ 2 ਲੱਖ ਅਤੇ ਭਗਵਾਨ ਵਾਲਮੀਕਿ ਮਿਲਾਪ ਸਭਾ ਮੰਦਿਰ ਨੂੰ ਇਕ ਲੱਖ ਰੁਪਏ ਦਾ ਦਿੱਤਾ ਚੈਕ

ਕੇਂਦਰੀ ਵਿਧਾਨ ਸਭਾ ਹਲਕੇ ਅਧੀਨ ਪੈਂਦੀਆਂ ਵਾਰਡਾਂ ਲਈ ਭੇਜੇ ਸੈਨੀਟਾਈਜਰ

ਅੰਮ੍ਰਿਤਸਰ, 15 ਮਈ:

ਅੱਜ ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਨੇ ਆਪਣੇ ਨਿਵਾਸ ਸਥਾਨ ਵਿਖੇ ਵਾਲਮੀਕਿ ਸੁਧਾਰ ਸਭਾ ਵਾਰਡ ਨੰ: 50 ਨੂੰ 2 ਲੱਖ ਰੁਪਏ ਅਤੇ ਭਗਵਾਨ ਵਾਲਮੀਕਿ ਮਿਲਾਪ ਸਭਾ ਮੰਦਿਰ ਗੁਦਾਮ ਮੁਹੱਲਾ ਨੂੰ ਇਕ ਲੱਖ ਰੁਪਏ ਦਾ ਚੈਕ ਧਰਮਸ਼ਾਲਾ ਦੇ ਵਿਕਾਸ ਲਈ ਭੇਂਟ ਕੀਤਾ।

ਸ੍ਰੀ ਸੋਨੀ ਨੇ ਕਿਹਾ ਕਿ ਧਰਮਸ਼ਾਲਾ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋੜ ਪੈਣ ਤੇ ਹੋਰ ਫੰਡ ਵੀ ਮੁਹੱਈਆ ਕਰਵਾਏ ਜਾਣਗੇ। ਇਸ ਮੌਕੇ ਦਵਾਈ ਮਾਰਕੀਟ ਦੇ ਕਪਿਲ ਚੱਢਾ ਅਤੇ ਕਸ਼ਯਪ ਸੇਠ ਵੱਲੋਂ ਸ੍ਰੀ ਸੋਨੀ ਨੂੰ 1100 ਸੈਨੀਟਾਈਜਰ ਭੇਂਟ ਕੀਤੇ ਗਏ। ਸ੍ਰੀ ਸੋਨੀ ਵੱਲੋਂ ਇਹ ਸੈਨੀਟਾਈਜਰ ਕੇਂਦਰੀ ਵਿਧਾਨ ਸਭਾ ਹਲਕੇ ਅਧੀਨ ਪੈਂਦੀਆਂ ਵਾਰਡਾਂ ਦੇ ਕੌਂਸਲਰਾਂ ਨੂੰ ਲੋਕਾਂ ਵਿੱਚ ਵੰਡਣ ਲਈ ਭੇਜੇ। ਸ੍ਰੀ ਸੋਨੀ ਨੇ ਕੌਂਸਲਰ ਮੈਡਮ ਰਾਜਬੀਰ ਕੋਰ ਨੂੰ 200, ਸ੍ਰੀ ਅਰੁਣ ਪੱਪਲ ਕੌਂਸਲਰ ਨੂੰ 200, ਸ੍ਰੀ ਇਕਬਾਲ ਸਿੰਘ ਸ਼ੈਰੀ ਕੌਂਸਲਰ ਨੂੰ 200, ਸ੍ਰੀ ਵਿਕਾਸ ਸੋਨੀ ਕੈਂਸਲਰ ਨੂੰ 200 ਅਤੇ ਸ੍ਰੀ ਪਰਮਜੀਤ ਚੋਪੜਾ ਨੂੰ 300 ਸੈਨੀਟਾਈਜਰ ਆਪਣੀਆਂ ਆਪਣੀਆਂ ਵਾਰਡਾਂ ਵਿੱਚ ਵੰਡਣ ਲਈ ਦਿੱਤੇ ਗਏ।

ਸ੍ਰੀ ਸੋਨੀ ਨੇ ਕਿਹਾ ਕਿ ਵਪਾਰੀਆਂ ਦੀ ਮੰਗ ਅਨੁਸਾਰ ਬਾਜ਼ਾਰ ਖੋਲ ਦਿੱਤੇ ਗਏ ਹਨ ਅਤੇ ਦੁਕਾਨਾਂ ਸਵੇਰੇ 7 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਖੋਲੀਆਂ ਜਾ ਸਕਦੀਆਂ ਹਨ। ਉਨਾਂ ਕਿਹਾ ਕਿ ਲੋਕਾਂ ਨੂੰ ਪ੍ਰਸਾਸ਼ਨ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਸ੍ਰੀ ਸੋਨੀ ਨੇ ਕਿਹਾ ਕਿ ਲੋਕ ਘਰੋਂ ਮਾਸਕ ਪਾ ਕੇ ਲੋੜ ਅਨੁਸਾਰ ਹੀ ਬਾਹਰ ਨਿਕਲਣ। ਉਨਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹੀ ਕਰੋਨਾ ਮਹਾਂਮਾਰੀ ਤੇ ਕਾਬੂ ਪਾਇਆ ਜਾ ਸਕਿਆ ਹੈ।

ਇਸ ਮੌਕੇ ਕੌਂਸਲਰ ਵਿਕਾਸ ਸੋਨੀ, ਕੌਂਸਲਰ ਸ੍ਰੀਮਤੀ ਰਾਜਬੀਰ ਕੌਰ, ਸ੍ਰੀ ਵਿਸ਼ਾਲ ਗਿੱਲ, ਸ੍ਰੀ ਮੋਹਿਤ ਗਿੱਲ, ਸ੍ਰ ਦਵਿੰਦਰ ਸਿੰਘ, ਸ੍ਰੀ ਰਿੰਕੂ ਤੋਂ ਇਲਾਵਾ ਪ੍ਰਮੁੱਖ ਸਖਸ਼ੀਅਤਾਂ ਹਾਜਰ ਸਨ।

-------

ਕੈਪਸ਼ਨ

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਆਪਣੇ ਗ੍ਰਹਿ ਵਿਖੇ ਵਾਲਮੀਕਿ ਸੁਧਾਰ ਸਭਾ ਨੂੰ 2 ਲੱਖ ਰੁਪਏ ਅਤੇ ਭਗਵਾਨ ਵਾਲਮੀਕਿ ਮਿਲਾਪ ਸਭਾ ਮੰਦਿਰ ਨੂੰ ਇਕ ਲੱਖ ਰੁਪਏ ਦਾ ਚੈਕ ਦਿੰਦੇ ਹੋਏ।

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਨੂੰ ਦਵਾਈ ਮਾਰਕੀਟ ਦੇ ਕਪਿਲ ਚੱਢਾ ਅਤੇ ਕਸ਼ਯਪ ਸੇਠ ਸੈਨੀਟਾਈਜਰ ਦਿੰਦੇ ਹੋਏ । ਨਾਲ ਹਨ ਸ੍ਰੀ ਵਿਕਾਸ ਸੋਨੀ ਕੌਂਸਲਰ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿਚ ਵੱਡੀ ਕਮੀ

ਹੁਣ ਤੱਕ ਅੰਮ੍ਰਿਤਸਰ ਤੇ ਤਰਨਤਾਰਨ ਜਿਲੇ ਵਿਚ ਕੀਤੇ ਗਏ 15 ਚਲਾਨ

ਅੰਮ੍ਰਿਤਸਰ, 15 ਮਈ ( )-ਕੋਵਿਡ 19 ਦੇ ਚੱਲਦੇ ਪੰਜਾਬ ਦੇ ਕਿਸਾਨਾਂ ਵੱਲੋਂ ਵਿਖਾਈ ਗਈ ਜਾਗਰੂਕਤਾ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਅੱਗ ਨਾਲ ਖੇਤਾਂ ਵਿਚ ਹੋਣ ਵਾਲੇ ਨੁਕਸਾਨ ਪ੍ਰਤੀ ਜਾਣੂੰ ਕਰਵਾਉਣ ਸਦਕਾ ਇਲਾਕੇ ਵਿਚ ਕਣਕ ਦੇ ਨਾੜ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਿਚ ਵੱਡੇ ਪੱਧਰ ਉਤੇ ਕਮੀ ਦਰਜ ਕੀਤੀ ਗਈ ਹੈ। ਐਕਸੀਅਨ ਪ੍ਰਦੂਸ਼ਣ ਕੰਟਰੋਲ ਬੋਰਡ ਸ. ਹਰਪਾਲ ਸਿੰਘ ਨੇ ਦੱਸਿਆ ਕਿ ਜਿਲਾ ਅੰਮ੍ਰਿਤਸਰ ਤੇ ਤਰਨਤਾਰਨ ਵਿਚ ਪਿਛਲੇ ਸਾਲ ਦੇ ਮੁਕਾਬਲੇ ਅੱਗ ਲਗਾਉਣ ਦੀਆਂ ਘਟਨਾਵਾਂ ਵਿਚ 60 ਫੀਸਦੀ ਕਮੀ ਅੱਜ ਤੱਕ ਦਰਜ ਕੀਤੀ ਗਈ ਹੈ, ਜੋ ਕਿ ਬਹੁਤ ਵੱਡੀ ਪ੍ਰਾਪਤ ਹੈ। ਉਨਾਂ ਕਿਹਾ ਕਿ ਪੰਜਾਬ ਦਾ ਕਿਸਾਨ ਵਾਤਾਵਰਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਪ੍ਰਤੀ ਜਾਗਰੂਕ ਹੋਇਆ ਹੈ, ਜਿਸਦੇ ਸਿੱਟੇ ਵਜੋਂ ਹੀ ਇਹ ਸੰਭਵ ਹੋ ਸਕਿਆ ਹੈ। ਉਨਾਂ ਕਿਹਾ ਕਿ ਭਾਵੇਂ ਕਿ ਜਿਲਾ ਪ੍ਰਸ਼ਾਸ਼ਨ ਵੱਲੋਂ ਮਾਲ ਵਿਭਾਗ ਦੀ ਅਗਵਾਈ ਹੇਠ ਅੱਗ ਨੂੰ ਰੋਕਣ ਲਈ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਪਰ ਟੀਮਾਂ ਨੂੰ ਚਲਾਨ ਕੱਟਣ ਦੀ ਲੋੜ ਬਹੁਤ ਘੱਟ ਪਈ ਹੈ। ਉਨਾਂ ਦੱਸਿਆ ਕਿ ਹੁਣ ਤੱਕ ਦੋਵਾਂ ਜਿਲਿਆਂ ਵਿਚ 15 ਚਲਾਨ ਹੀ ਕੀਤੇ ਗਏ ਹਨ ਅਤੇ ਰਿਮੋਟ ਸੈਂਸਿਗ ਦਾ ਡਾਟਾ ਵੀ ਇਹ ਵਿਖਾ ਰਿਹਾ ਹੈ ਕਿ ਕਿਸਾਨਾਂ ਵੱਲੋਂ ਬਹੁਤ ਘੱਟ ਅੱਗ ਆਪਣੇ ਖੇਤਾਂ ਵਿਚ ਲਗਾਈ ਗਈ ਹੈ। ਐਸ ਡੀ ਓ ਸ੍ਰੀ ਰਾਜੇਸ਼ ਸ਼ਰਮਾ ਨੇ ਵੀ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਧਰਤੀ ਦੀ ਉਪਜਾਊ ਸ਼ਕਤੀ ਨੂੰ ਕਾਇਮ ਰੱਖਣ ਅਤੇ ਕੋਵਿਡ 19 ਦੇ ਟਾਕਰੇ ਲਈ ਆਪਣੇ ਸਰੀਰ ਨੂੰ ਤੰਦਰੁਸਤ ਹਵਾ ਦੀ ਨਿਰੰਤਰ ਸਪਲਾਈ ਜਾਰੀ ਰੱਖਣ ਲਈ ਨਾੜ ਨੂੰ ਅੱਗ ਨਾ ਲਗਾਉਣ, ਸਗੋਂ ਤੂੜੀ ਬਣਾ ਕੇ ਇਸ ਤੋਂ ਕਮਾਈ ਕਰਨ।

==========